19-Oct-Ludhiana-Page 5_10_12_8.qxd 10/19/2025 11:14 PM Page 1

ਤਾਜਪੁਰ ਇਲਾਕੇ 'ਚ ਵੇਸਟ ਕੱਪੜਿਆਂ ਦੇ ਗੁਦਾਮ 'ਚ ਲੱਗੀ ਭਿਆਨਕ ਅੱਗ

ਲੁਧਿਆਣਾ, 19 ਅਕਤੂਬਰ (ਭੁਪਿੰਦਰ ਸਿੰਘ ਬੈਂਸ)-ਲੁਧਿਆਣਾ ਦੇ ਤਾਜਪੁਰ ਇਲਾਕੇ 'ਚ ਅੱਜ ਦੁਪਹਿਰ ਸਮੇਂ ਵੇਸਟ ਕੱਪੜਿਆਂ ਦੇ ਇਕ ਗੁਦਾਮ ਵਿਚ ਅਚਾਨਕ ਅੱਗ ਲੱਗ ਗਈ। ਅੱਗ ਲੱਗਣ ਕਾਰਨ ਪੂਰੇ ਇਲਾਕੇ 'ਚ ਹਫ਼ੜਾ ਦਫੜੀ ਮਚ ਗਈ ਤੇ ਲੋਕ ਆਪਣੇ ਘਰਾਂ ਤੋਂ ਬਾਹਰ ਨਿਕਲ ਆਏ। ਅੱਗ ਇੰਨੀ ਤੇਜ਼ੀ ਨਾਲ ਫੈਲੀ ਕਿ ਇਹ ਨੇੜਲੇ ਲਗਦੇ ਘਰਾਂ ਤੱਕ

ਆਲੇ-ਦੁਆਲੇ ਦੇ ਘਰਾਂ ਨੂੰ ਵੀ ਹੋਇਆ ਨੁਕਸਾਨ

ਵੀ ਪੁੱਜ ਗਈ ਤੇ ਘਰਾਂ ਦੀ ਖਿੜਕੀਆਂ ਦੇ ਸ਼ੀਸ਼ੇ ਟੁੱਟ ਗਏ। ਮੌਕੇ 'ਤੇ ਫਾਇਰ ਬ੍ਰਿਗੇਡ ਦੀਆਂ ਅੱਧਾ ਦਰਜਨ ਦੇ ਕਰੀਬ ਗੱਡੀਆਂ ਨੇ ਪੁੱਜ ਕੇ ਅੱਗ 'ਤੇ ਕਾਬੂ ਪਾਇਆ। ਖੁਸ਼ਕਿਸਮਤੀ ਰਹੀ ਕਿ ਅੱਗ ਲੱਗਣ ਕਾਰਨ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਅੱਗ ਲੱਗਣ ਕਾਰਨ ਗੁਦਾਮ 'ਚ ਪਿਆ ਵੇਸਟ ਕੱਪੜਾ ਪੂਰੀ ਤਰ੍ਹਾਂ ਨਾਲ ਸੜ ਕੇ ਸੁਆਹ ਹੋ ਗਿਆ। ਸਥਾਨਕ ਇਲਾਕਾ ਨਿਵਾਸੀਆਂ ਅਨੁਸਾਰ ਗੁਦਾਮ ਵਿਚ ਅੱਗ ਆਤਿਸ਼ਬਾਜ਼ੀ ਦੀਆਂ ਚਿੰਗਾਰੀਆਂ ਡਿੱਗਣ ਨਾਲ ਲੱਗੀ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਕਾਰਨ ਪੂਰਾ ਅਸਮਾਨ ਕਾਲੇ ਧੂੰਏਂ ਨਾਲ ਭਰ ਗਿਆ। ਲੋਕਾਂ ਨੇ ਦੱਸਿਆ ਕਿ ਦੁਪਹਿਰ ਵੇਲੇ ਉਨ੍ਹਾਂ ਵਲੋਂ ਗੁਦਾਮ 'ਚ ਲੱਗੀ ਅੱਗ ਦੀਆਂ ਲਪਟਾਂ ਦੇਖੀਆਂ, ਜਿਸ 'ਤੇ ਉਨ੍ਹਾਂ ਵਲੋਂ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਗਿਆ ਤੇ ਮੌਕੇ 'ਤੇ ਪਹਿਲਾ ਫਾਇਰ ਬ੍ਰਿਗੇਡ ਦੀਆਂ 3 ਗੱਡੀਆਂ ਪੁੱਜੀਆਂ, ਪਰ ਅੱਗ ਇੰਨੀ ਜ਼ਿਆਦਾ ਭਿਆਨਕ ਸੀ ਕਿ ਇਸ ਨੂੰ ਬੁਝਾਉਣ ਲਈ ਫਾਇਰ ਬ੍ਰਿਗੇਡ ਦੀਆਂ ਹੋਰ ਗੱਡੀਆਂ ਮੰਗਵਾਉਣੀਆਂ ਪਈਆਂ। ਅੱਗ ਨੇ ਨੇੜੇ ਘਰਾਂ ਨੂੰ ਵੀ ਆਪਣੀ ਲਪੇਟ ਵਿਚ ਲੈਂਦਿਆਂ ਹੋਇਆ ਘਰਾਂ ਦੀਆਂ ਖਿੜਕੀਆਂ ਦੇ ਸ਼ੀਸ਼ੀਆਂ ਨੂੰ ਨੁਕਸਾਨ ਪਹੁੰਚਾਇਆ ਹੈ। ਇਲਾਕਾ ਨਿਵਾਸੀਆਂ ਨੇ ਦੱਸਿਆ ਕਿ ਇਸ ਗੁਦਾਮ ਦੇ ਉਪਰ ਛੱਤ ਨਹੀਂ ਹੈ ਅਤੇ ਉਨ੍ਹਾਂ ਵਲੋਂ ਇਸ ਦੇ ਮਾਲਕ ਨੂੰ ਦੀਵਾਲੀ ਦੇ ਚੱਲਦਿਆਂ ਅੱਗ ਲੱਗਣ ਦੇ ਖਤਰੇ ਤੋਂ ਜਾਣੂ ਕਰਵਾਇਆ ਗਿਆ, ਪਰ ਉਸ ਵਲੋਂ ਇਸ ਨੂੰ ਲੈ ਕੇ ਕੁੱਝ ਵੀ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜੇਕਰ ਗੋਦਾਮ ਮਾਲਕ ਵਲੋਂ ਪਹਿਲਾਂ ਹੀ ਅੱਗ ਨੂੰ ਲੈ ਕੇ ਸੁਰੱਖਿਆ ਪ੍ਰਬੰਧ ਕੀਤੇ ਹੁੰਦੇ, ਤਾਂ ਇਹ ਭਿਆਨਕ ਹਾਦਸਾ ਹੋਣ ਤੋਂ ਬਚਾਅ ਹੋ ਸਕਦਾ ਸੀ। ਮੌਕੇ 'ਤੇ ਪੁਲਿਸ ਨੇ ਪੁੱਜ ਕੇ ਵੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਤਾਜਪੁਰ ਇਲਾਕੇ 'ਚ ਵੇਸਟ ਕੱਪੜੇ ਦੇ ਗੁਦਾਮ 'ਚ ਲੱਗੀ ਅੱਗ ਦਾ ਦ੍ਰਿਸ਼। ਅਜੀਤ ਤਸਵੀਰ

ਦੀਵਾਲੀ ਦੇ ਤਿਉਹਾਰ ਮੌਕੇ ਸ਼ਹਿਰ ਦੇ ਇਕ ਬਾਜ਼ਾਰ 'ਚੋਂ ਘਰ ਦੀ ਸਜਾਵਟ ਦਾ ਸਾਮਾਨ ਖਰੀਦਦੀਆਂ ਹੋਈਆਂ ਮਹਿਲਾਵਾਂ। ਤਸਵੀਰ : ਸੇਵਕ ਸਿੰਘ

ਦੀਵਾਲੀ ਮੌਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ 'ਚ ਖਰੀਦਦਾਰਾਂ ਦੀ ਰਹੀ ਭਾਰੀ ਰੌਣਕ

ਲੁਧਿਆਣਾ, 19 ਅਕਤੂਬਰ (ਭੁਪਿੰਦਰ ਸਿੰਘ ਬੈਂਸ)-ਦੀਵਾਲੀ ਦੇ ਤਿਉਹਾਰ 'ਤੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿਚ ਲੋਕਾਂ ਵਲੋਂ ਖਰੀਦਦਾਰੀ ਨੂੰ ਲੈ ਕੇ ਭਾਰੀ ਰੌਣਕ ਦੇਖਣ ਨੂੰ ਮਿਲੀ। ਸਵੇਰ ਤੋਂ ਹੀ ਸ਼ਹਿਰ ਦੇ ਚੌੜਾ ਬਾਜ਼ਾਰ, ਘੁਮਾਰ ਮੰਡੀ, ਸਿਵਲ ਲਾਈਨ, ਮਾਡਲ ਟਾਊਨ ਮਾਰਕੀਟ ਤੇ ਵੱਖ-ਵੱਖ ਬਾਜ਼ਾਰਾਂ ਵਿਚ ਖਰੀਦਦਾਰਾਂ ਨੂੰ ਲੈ ਕੇ ਖਰੀਦਦਾਰਾਂ ਦੀਆਂ ਲੰਬੀਆਂ ਲਾਈਨਾਂ ਲੱਗੀਆਂ ਰਹੀਆਂ। ਬਾਜ਼ਾਰਾਂ ਵਿਚ ਮਠਿਆਈਆਂ ਦੀਆਂ ਦੁਕਾਨਾਂ 'ਤੇ ਵੀ ਖਰੀਦਦਾਰਾਂ ਦੀ ਭੀੜ ਦੇਖਣ ਨੂੰ ਮਿਲੀ। ਇਸ ਤੋਂ ਇਲਾਵਾ ਘਰ ਦੀ ਸਜਾਵਟ ਲਈ ਮਿੱਟੀ ਦੇ ਦੀਵੇ, ਮੋਮਬਤੀਆਂ, ਲਾਈਟਾਂ ਤੇ ਰੰਗੋਲੀ ਦੇ ਰੰਗ ਵੀ ਖਰੀਦੇ ਗਏ। ਮਹਿਲਾਵਾਂ ਵਲੋਂ ਲਕਸ਼ਮੀ ਪੂਜਾ ਦਾ ਸਾਮਾਨ ਤੇ ਡ੍ਰਾਈਫਰੂਟ ਗਿਫ਼ਟ ਪੈਕ ਖਰੀਦਣ 'ਚ ਵੀ ਖਾਸ ਰੁਝਾਨ ਦੇਖਿਆ। ਸ਼ਹਿਰ ਦੀਆਂ ਵੱਖ ਵੱਖ ਪਟਾਕਾ ਮਾਰਕੀਟਾਂ ਵਿਚ ਪਟਾਕੇ ਖਰੀਦਣ ਨੂੰ ਲੈ ਕੇ ਬੱਚਿਆਂ ਦਾ ਵੀ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ। ਕੱਪੜਿਆਂ ਦੀ ਦੁਕਾਨਾਂ 'ਤੇ ਵੀ ਕੱਪੜੇ ਖਰੀਦਣ ਵਾਲਿਆਂ ਦੀ ਭੀੜ ਦੇਖੀ ਗਈ। ਸ਼ਹਿਰ ਦੇ ਰੈਸਟੋਰੈਂਟਾਂ ਆਦਿ 'ਚ ਵੀ ਲੋਕਾਂ ਦੀ ਭੀੜ ਦੇਖਣ ਨੂੰ ਮਿਲੀ। ਇਸ ਤੋਂ ਦੁਕਾਨਦਾਰਾਂ ਮੁਤਾਬਿਕ ਸ਼ਹਿਰਵਾਸੀਆਂ ਵਲੋਂ ਦੀਵਾਲੀ ਨੂੰ ਲੈ ਕੇ ਦੱਬ ਕੇ ਖਰੀਦਦਾਰੀ ਕੀਤੀ ਜਾ ਰਹੀ ਹੈ ਤੇ ਕੱਪੜੇ, ਮਠਿਆਈਆਂ, ਇਲਾਵਾ ਫਲਾਂ ਦੀ ਦੁਕਾਨਾਂ 'ਤੇ ਵੀ ਲੋਕਾਂ ਵਲੋਂ ਲਕਸ਼ਮੀ ਪੂਜਾ ਆਦਿ ਲਈ ਫਲ ਖਰੀਦਣ ਨੂੰ ਲੈ ਕੇ ਖਰੀਦਦਾਰੀ ਕੀਤੀ ਗਈ। ਜਿਊਲਰਾਂ ਆਦਿ ਦੇ ਦੁਕਾਨਦਾਰਾਂ ਦੇ ਚਿਹਰਿਆਂ 'ਤੇ ਵਿੱਕਰੀ ਨੂੰ ਲੈ ਕੇ ਰੌਣਕ ਸਾਫ਼ ਦਿਖਾਈ ਦੇ ਰਹੀ ਹੈ।

ਬਾਜ਼ਾਰ 'ਚੋਂ ਮਿੱਟੀ ਦੇ ਦੀਵੇ, ਹਟੜੀਆਂ ਖਰੀਦ ਦੀਆਂ ਹੋਈਆਂ ਮਹਿਲਾਵਾਂ। ਤਸਵੀਰ : ਸੇਵਕ ਸਿੰਘ

ਕਾਬੂ ਕੀਤੇ ਕਥਿਤ ਦੋਸ਼ੀ ਪੁਲਿਸ ਮੁਲਾਜ਼ਮਾਂ ਨਾਲ। ਤਸਵੀਰ : ਸੇਵਕ ਸਿੰਘ

ਚੋਰੀ ਸ਼ੁਦਾ ਵਾਹਨਾਂ ਅਤੇ ਹੈਰੋਇਨ ਸਮੇਤ ਦੋ ਕਾਬੂ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਥਾਣਾ ਸਲੇਮ ਟਾਬਰੀ ਦੀ ਪੁਲਿਸ ਨੇ ਚੋਰੀ ਸ਼ੁਦਾ ਵਾਹਨਾਂ ਅਤੇ ਹੈਰੋਇਨ ਸਮੇਤ ਦੋ ਨੌਜਵਾਨਾਂ ਨੂੰ ਕਾਬੂ ਕੀਤਾ ਹੈ। ਪੁਲਿਸ ਨੇ ਇਨ੍ਹਾਂ ਦੇ ਕਬਜ਼ੇ 'ਚੋਂ ਪੰਜ ਐਕਟਿਵਾ ਅਤੇ 10 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਜਿਸ ਸੰਬੰਧੀ ਜਾਣਕਾਰੀ ਦਿੰਦਿਆਂ ਸਮੀਰ ਵਰਮਾ ਏ.ਡੀ.ਸੀ.ਪੀ. ਅਤੇ ਕਿੱਕਰ ਸਿੰਘ ਏ.ਸੀ.ਪੀ. ਉੱਤਰੀ ਨੇ ਦੱਸਿਆ ਕਿ ਇੰਸਪੈਕਟਰ ਹਰਸ਼ਵੀਰ ਸਿੰਘ ਮੁੱਖ ਅਫਸਰ ਥਾਣਾ ਸਲੇਮ ਟਾਬਰੀ ਦੀ ਪੁਲਿਸ ਪਾਰਟੀ ਨੇ 2 ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 10 ਗ੍ਰਾਮ ਹੈਰੋਇਨ ਅਤੇ 5 ਚੋਰੀਸ਼ੁਦਾ ਐਕਟਿਵਾ ਸਕੂਟਰ ਬਰਾਮਦ ਕੀਤੇ ਹਨ। ਉਨ੍ਹਾਂ ਦੱਸਿਆ ਕਿ ਅਸ਼ੋਕ ਨਗਰ ਪਾਣੀ ਵਾਲੀ ਟੈਂਕੀ ਜੱਸੀਆਂ ਰੋਡ ਤੋਂ ਚੈਕਿੰਗ ਦੌਰਾਨ ਦੋ ਭਰਾ ਸੰਦੀਪ ਸਿੰਘ ਅਤੇ ਰਵੀ ਕੁਮਾਰ ਪੁੱਤਰਾਨ ਮਨਵਿੰਦਰ ਸਿੰਘ ਵਾਸੀਆਨ ਲੁਧਿਆਣਾ ਨੂੰ ਗ੍ਰਿਫ਼ਤਾਰ ਕੀਤਾ ਗਿਆ। ਜਿਨ੍ਹਾਂ ਦੀ ਤਲਾਸ਼ੀ ਦੌਰਾਨ ਦੋਹਾਂ ਪਾਸੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ ਅਤੇ ਪੁੱਛਗਿੱਛ ਦੌਰਾਨ ਖੁਲਾਸਾ ਹੋਇਆ ਕਿ ਉਹ ਨਸ਼ੇ ਦੀ ਆਦਤ ਕਾਰਨ ਸ਼ਹਿਰ ਵਿਚ ਵੱਖ-ਵੱਖ ਥਾਵਾਂ ਤੋਂ ਐਕਟਿਵਾ ਸਕੂਟਰ ਚੋਰੀ ਕਰਦੇ ਸਨ, ਜਿਨ੍ਹਾਂ ਦੇ ਖਿਲਾਫ ਥਾਣਾ ਸਲੇਮ ਟਾਬਰੀ 'ਚ ਕੇਸ ਦਰਜ ਕੀਤਾ ਗਿਆ ਹੈ। ਹੁਣ ਤੱਕ ਪੁਲਿਸ ਵਲੋਂ ਦੋਵੇਂ ਦੋਸ਼ੀਆਂ ਤੋਂ 5 ਚੋਰੀਸ਼ੁਦਾ ਐਕਟਿਵਾ ਬਰਾਮਦ ਕੀਤੀਆਂ ਗਈਆਂ ਹਨ, ਜਦਕਿ ਹੋਰ ਵਾਰਦਾਤਾਂ ਸੰਬੰਧੀ ਪੁੱਛਗਿੱਛ ਜਾਰੀ ਹੈ।

ਡੋਪ ਟੈੱਸਟ ਦੀਆਂ ਨਕਲੀ ਰਿਪੋਰਟਾਂ ਬਣਾਉਣ ਦੇ ਮਾਮਲੇ 'ਚ ਦੋ ਕਾਬੂ

ਨਾਮਜ਼ਦ ਦੋਸ਼ੀ ਸਿਵਲ ਹਸਪਤਾਲ ਦੀ ਪ੍ਰਯੋਗਸ਼ਾਲਾ 'ਚ ਸਨ ਤਾਇਨਾਤ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਥਾਣਾ ਸਲੇਮ ਟਾਬਰੀ ਦੀ ਪੁਲਿਸ ਨੇ ਅਸਲਾ ਲਾਇਸੰਸ ਲਈ ਲੋੜੀਂਦੀ ਡੋਪ ਟੈੱਸਟ ਰਿਪੋਰਟ ਬਣਾਉਣ ਦੇ ਮਾਮਲੇ 'ਚ ਵੱਡੇ ਪੱਧਰ 'ਤੇ ਫਰਜ਼ੀਵਾੜਾ ਚਲਾ ਰਹੇ ਦੋ ਨੌਜਵਾਨਾਂ ਨੂੰ ਕਾਬੂ ਕੀਤਾ ਹੈ। ਇਹ ਨੌਜਵਾਨ ਅਸਲਾ ਲਾਇਸੰਸ ਧਾਰਕਾਂ ਦੀਆਂ ਨਕਲੀ ਡੋਪ ਟੈੱਸਟ ਰਿਪੋਰਟਾਂ ਬਣਾ ਕੇ ਉਨ੍ਹਾਂ ਪਾਸੋਂ ਮੋਟੀਆਂ ਰਕਮਾਂ ਵਸੂਲਦੇ ਸਨ। ਜਾਣਕਾਰੀ ਦਿੰਦਿਆਂ ਏ.ਡੀ.ਸੀ.ਪੀ. ਸਮੀਰ ਵਰਮਾ ਨੇ ਦੱਸਿਆ ਕਿ ਕਾਬੂ ਕੀਤੇ ਗਏ ਕਥਿਤ ਦੋਸ਼ੀਆਂ 'ਚ ਰਾਮ ਕੁਮਾਰ ਵਾਸੀ ਨੇੜੇ ਸਿਵਲ ਹਸਪਤਾਲ ਅਤੇ ਅਵਤਾਰ ਸਿੰਘ ਸ਼ਾਮਿਲ ਹਨ। ਇਹ ਦੋਵੇਂ ਸਿਵਲ ਹਸਪਤਾਲ ਦੀ ਪ੍ਰਯੋਗਸ਼ਾਲਾ ਵਿਚ ਬਤੌਰ ਸਹਾਇਕ ਕੰਮ ਕਰਦੇ ਹਨ ਅਤੇ ਲੋਕਾਂ ਪਾਸੋਂ ਮੋਟੀਆਂ ਰਕਮਾਂ ਲੈ ਕੇ ਉਨ੍ਹਾਂ ਦੀਆਂ ਨਕਲੀ ਡੋਪ ਟੈੱਸਟ ਰਿਪੋਰਟਾਂ ਦਿੰਦੇ ਸਨ। ਬੀਤੇ ਦਿਨ ਜਦੋਂ ਅਸਲਾ ਲਾਇਸੰਸ ਸ਼ਾਖਾ ਦੇ ਏ.ਸੀ.ਪੀ. ਪਾਸ ਦੋ ਨੌਜਵਾਨ ਅਸਲਾ ਬਣਾਉਣ ਲਈ ਆਏ ਤਾਂ ਉਨ੍ਹਾਂ ਨਾਲ ਲੱਗੀ ਡੋਪ ਟੈੱਸਟ ਰਿਪੋਰਟ ਦੇ ਨਕਲੀ ਹੋਣ ਬਾਰੇ ਅਧਿਕਾਰੀ ਨੂੰ ਸ਼ੱਕ ਹੋਇਆ। ਪਹਿਲਾਂ ਤਾਂ ਅਧਿਕਾਰੀਆਂ ਵਲੋਂ ਇਹਨਾਂ ਨੌਜਵਾਨਾਂ ਖ਼ਿਲਾਫ਼ ਕੇਸ ਦਰਜ ਕਰ ਲਿਆ ਅਤੇ ਇਸ ਮਾਮਲੇ ਦੀ ਪੂਰੀ ਜਾਂਚ ਕਰਨੀ ਸ਼ੁਰੂ ਕਰ ਦਿੱਤੀ। ਜਾਂਚ ਦੌਰਾਨ ਕਈ ਹੈਰਾਨੀਜਨਕ ਤੱਥ ਸਾਹਮਣੇ ਆਏ ਅਤੇ ਜਿਸ ਆਧਾਰ 'ਤੇ ਪੁਲਿਸ ਵਲੋਂ ਹੁਣ ਇਹ ਦੋਵਾਂ ਨੌਜਵਾਨਾਂ ਦੀਆਂ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ। ਪੁਲਿਸ ਨੇ ਇਹਨਾਂ ਦੇ ਕਬਜ਼ੇ ਵਿਚੋਂ ਨਕਲੀ ਮੋਹਰਾਂ, ਕੁੱਝ ਫਾਈਲਾਂ ਅਤੇ ਕਾਰ ਬਰਾਮਦ ਕੀਤੀ ਹੈ। ਇਹ ਕਥਿਤ ਦੋਸ਼ੀ ਬੀਤੀ ਰਾਤ ਭੱਟੀਆਂ ਵੱਲ ਆਪਣੀ ਕਾਰ 'ਤੇ ਜਾ ਰਹੇ ਸਨ ਕਿ ਪੁਲਿਸ ਨੇ ਇਹਨਾਂ ਨੂੰ ਕਾਬੂ ਕਰ ਲਿਆ। ਇਹਨਾਂ ਖ਼ਿਲਾਫ਼ ਵੱਖ-ਵੱਖ ਸੰਗੀਨ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ ਤੇ ਪੁੱਛ ਪੜਤਾਲ ਕੀਤੀ ਜਾ ਰਹੀ ਹੈ, ਕਈ ਹੋਰ ਪ੍ਰਗਟਾਵੇ ਹੋਣ ਦੀ ਸੰਭਾਵਨਾ ਹੈ।

ਪੁਲਿਸ ਵਲੋਂ ਕਾਬੂ ਕੀਤੇ ਗਏ ਕਥਿਤ ਦੋਸ਼ੀਆਂ ਬਾਰੇ ਜਾਣਕਾਰੀ ਦਿੰਦੇ ਹੋਏ ਪੁਲਿਸ ਅਧਿਕਾਰੀ। ਤਸਵੀਰ : ਸੇਵਕ ਸਿੰਘ

ਆਈ.ਪੀ.ਐਸ. ਅਧਿਕਾਰੀ ਵਾਈ. ਪੂਰਨ ਸਿੰਘ ਦੇ ਪਰਿਵਾਰਕ ਮੈਂਬਰਾਂ ਨੂੰ ਮਿਲ ਕੇ ਬਾਹਰ ਆਉਣ ਸਮੇਂ ਨਰੇਸ਼ ਧੀਂਗਾਨ ਅਤੇ ਹੋਰ। ਅਜੀਤ ਤਸਵੀਰ

ਵਾਈ. ਪੂਰਨ ਕੁਮਾਰ ਦੀ ਖ਼ੁਦਕੁਸ਼ੀ ਲਈ ਜ਼ਿੰਮੇਵਾਰ ਦੋਸ਼ੀਆਂ ਨੂੰ ਮਿਲੇ ਸਖ਼ਤ ਸਜ਼ਾ- ਧੀਂਗਾਨ, ਬਾਲੀ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਹਰਿਆਣਾ ਦੇ ਆਈ.ਪੀ.ਐਸ. ਅਧਿਕਾਰੀ ਵਾਈ. ਪੂਰਨ ਕੁਮਾਰ ਦੀ ਖ਼ੁਦਕੁਸ਼ੀ ਅਤੇ ਭਾਰਤ ਦੇ ਚੀਫ਼ ਜਸਟਿਸ ਬੀ.ਆਰ. ਗਵੱਈ 'ਤੇ ਜੁੱਤੀ ਸੁੱਟਣ ਅਤੇ ਰਾਏਬਰੇਲੀ ਵਿਚ ਹਰੀਓਮ ਵਾਲਮੀਕਿ ਦੀ ਹੱਤਿਆ ਵਰਗੀਆਂ ਘਟਨਾਵਾਂ ਸਾਬਤ ਕਰਦੀਆਂ ਹਨ ਕਿ ਭਾਜਪਾ ਸਰਕਾਰਾਂ ਦੇ ਸ਼ਾਸਨ ਵਿਚ ਦਲਿਤ ਸਮਾਜ 'ਤੇ ਬਹੁਤ ਜ਼ਿਆਦਾ ਜ਼ੁਲਮ ਹੋ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀਯ ਵਾਲਮੀਕਿ ਧਰਮ ਸਮਾਜ (ਭਾਵਾਧਸ) ਦੇ ਰਾਸ਼ਟਰੀ ਨਿਰਦੇਸ਼ਕ ਵੀਰੇਸ਼ ਨਰੇਸ਼ ਧੀਂਗਨ ਅਤੇ ਭਾਵਾਧਸ ਰਾਜਨੀਤਿਕ ਵਿੰਗ ਦੇ ਜਨਰਲ ਸਕੱਤਰ ਰਵੀ ਬਾਲੀ ਵਲੋਂ ਵਾਈ. ਪੂਰਨ ਸਿੰਘ ਦੇ ਪਰਿਵਾਰਕ ਮੈਂਬਰਾਂ ਨਾਲ ਮਿਲਣ ਉਪਰੰਤ ਕੀਤਾ ਗਿਆ। ਉਕਤ ਆਗੂਆਂ ਨੇ ਕਿਹਾ ਕਿ ਪਿਛਲੇ ਦਿਨੀਂ ਹਰਿਆਣਾ ਦੇ ਸੀਨੀਅਰ ਆਈ.ਪੀ.ਐਸ. ਅਧਿਕਾਰੀ ਵਾਈ. ਪੂਰਨ ਕੁਮਾਰ ਨੇ ਖੁਦਕੁਸ਼ੀ ਕਰ ਲਈ ਹੈ ਅਤੇ ਸੁਸਾਈਡ ਨੋਟ ਵਿਚ 10 ਤੋਂ 12 ਵਿਅਕਤੀਆਂ ਦੇ ਨਾਮ ਲਿਖ ਕੇ ਗਏ ਸਨ, ਪਰ ਉਨ੍ਹਾਂ ਦੇ ਖ਼ਿਲਾਫ਼ ਹਰਿਆਣਾ ਦੀ ਸਰਕਾਰ ਕੋਈ ਕਾਰਵਾਈ ਕਰਨ ਨੂੰ ਤਿਆਰ ਨਹੀਂ ਹੈ ਤੇ ਉਲਟਾ ਪੂਰਨ ਸਿੰਘ ਦੇ ਪਰਿਵਾਰ ਖ਼ਿਲਾਫ਼ ਹੀ ਮਾਮਲਾ ਦਰਜ ਕਰ ਲਿਆ ਗਿਆ, ਜੋ ਕਿ ਇਕ ਸੋਝੀ ਸਮਝੀ ਸਾਜ਼ਿਸ਼ 'ਤੇ ਪਰਿਵਾਰ ਨੂੰ ਦਬਾਉਣ ਲਈ ਕੀਤੀ ਗਈ ਸਾਜ਼ਿਸ਼ ਹੈ ਅਤੇ ਥੋੜੇ ਦਿਨ ਪਹਿਲਾਂ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਗਵਈ ਉਤੇ ਇਕ ਹੰਕਾਰੀ ਵਕੀਲ ਨੇ ਜੁੱਤੀ ਸੁੱਟੀ ਸੀ ਅਤੇ ਚੀਫ਼ ਜਸਟਿਸ ਦਾ ਜੁੱਤੀ ਸੁੱਟ ਕੇ ਅਪਮਾਨ ਕੀਤਾ ਸੀ ਅਤੇ ਰਾਏਬਰੇਲੀ ਵਿਚ ਵੀ ਵਾਲਮੀਕਿ ਸਮਾਜ ਦੇ ਹਰੀਓਮ ਵਾਲਮੀਕਿ ਦੇ ਲੰਗਰ ਖਾਣ 'ਤੇ ਉਚ ਜਾਤੀ ਦੇ ਲੋਕਾਂ ਵਲੋਂ ਉਨ੍ਹਾਂ ਦਾ ਕਤਲ ਕਰ ਦਿੱਤਾ ਗਿਆ ਹੈ, ਜੋ ਕਿ ਸਾਬਤ ਕਰਦਾ ਹੈ ਕਿ ਮੌਜੂਦਾ ਸਮੇਂ ਦਲਿਤਾਂ-ਪੱਛੜੇ ਵਰਗਾਂ 'ਤੇ ਬਹੁਤ ਜ਼ਿਆਦਾ ਅੱਤਿਆਚਾਰ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਉਕਤ ਘਟਨਾਵਾਂ ਦੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿਵਾਉਣ ਲਈ ਦੇਸ਼ ਭਰ ਦਾ ਦਲਿਤ ਭਾਈਚਾਰਾ ਪੂਰਨ ਸਿੰਘ ਦੇ ਪਰਿਵਾਰ ਨਾਲ ਖੜ੍ਹਾ ਹੈ। ਇਸ ਮੌਕੇ ਸ਼ਿਵ ਕੁਮਾਰ ਬਿਡਲਾਨ, ਰਵੀ ਬਾਲੀ, ਅਜੇਪਾਲ ਦਿਸ਼ਾਵਰ, ਵੀਰ ਮੁਕੇਸ਼ ਸਿਰਸਵਾਲ, ਵੀਰ ਪਰਵੀਨ ਟਾਂਕ, ਵੀਰ ਸੂਰਤ ਸਿੰਘ, ਵੀਰ ਰਣਬੀਰ ਸਿੰਘ ਬੋਹਤ, ਵੀਰ ਉਦੇਸ਼ ਪੁਹਾਲ, ਵਿੱਕੀ ਰਹੇਲਾ ਯੂਨੀਅਨ ਪ੍ਰਧਾਨ, ਪਿੰਕਾ ਚੰਡਾਲਿਆ ਜ਼ਿਲ੍ਹਾ ਪ੍ਰਧਾਨ, ਰਵੀ ਮਤੰਗ ਸ਼ਹਿਰੀ ਪ੍ਰਧਾਨ, ਪ੍ਰਧਾਨ ਪ੍ਰਦੀਪ ਲਾਂਬਾਵੀਰ ਰਮੇਸ਼ ਕੁਮਾਰ ਸੌਦੇ, ਵੀਰ ਵਿਕਾਸ਼ ਸੌਦੇ, ਵੀਰ ਆਸ਼ੂ ਨੇ ਪਰਿਵਾਰ ਦੇ ਨਾਲ ਪੂਰੇ ਮਾਮਲੇ 'ਤੇ ਵਿਚਾਰ ਕੀਤਾ।

ਕਾਲੀ ਦੀਵਾਲੀ ਵਾਲੇ ਪੋਸਟਰ ਹੱਥਾਂ 'ਚ ਫੜ ਕੇ ਪ੍ਰਦਰਸ਼ਨ ਕਰਦੇ ਹੋਏ ਵੈਟਰਨਰੀ ਡਾਕਟਰ। ਤਸਵੀਰ : ਸੇਵਕ ਸਿੰਘ

ਕਰੋੜਾਂ ਰੁਪਏ ਮੁੱਲ ਦੀ ਹੈਰੋਇਨ ਸਮੇਤ ਨੌਜਵਾਨ ਕਾਬੂ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਪੁਲਿਸ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਇਕ ਨੌਜਵਾਨ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ ਵਿਚੋ